

ਮਜੀਠਾ ਵਿਖੇ ਹਲਕੇ ਦੇ ਸੀਨੀਅਰ ਕਾਂਗਰਸੀ ਆਗੂਆਂ ਅਤੇ ਵਰਕਰਾਂ ਨਾਲ ਚੋਣਾਂ ਸੰਬੰਧੀ ਵਿਚਾਰ ਚਰਚਾ ਕਰਨ ਉਪਰੰਤ ਜੇਤੂ ਚਿੰਨ੍ਹ ਬਣਾਉਂਦੇ ਹੋਏ ਜਗਵਿੰਦਰਪਾਲ ਸਿੰਘ ਜੱਗਾ ਅਤੇ ਨਾਲ ਹੋਰ ਸੀਨੀਅਰ ਕਾਂਗਰਸੀ ਆਗੂ। ਤਸਵੀਰ : ਸੋਖੀ

# ਜੱਗਾ ਮਜੀਠਾ ਨੇ ਹਲਕੇ ਦੇ ਕਾਂਗਰਸੀ ਵਰਕਰਾਂ ਨਾਲ ਚੋਣਾਂ ਸੰਬੰਧੀ ਕੀਤੀ ਵਿਚਾਰ-ਚਰਚਾ

ਮਜੀਠਾ, 3 ਜਨਵਰੀ (ਮਨਿੰਦਰ ਸਿੰਘ ਸੋਖੀ)-ਸੀਨੀਅਰ ਕਾਂਗਰਸੀ ਆਗੂ ਪ੍ਰਦੇਸ਼ ਕਾਂਗਰਸ ਕਮੇਟੀ ਦੇ ਸਾਬਕਾ ਜਨਰਲ ਸਕੱਤਰ ਅਤੇ ਹਲਕਾ ਇੰਚਾਰਜ ਜਗਵਿੰਦਰਪਾਲ ਸਿੰਘ ਜੱਗਾ ਮਜੀਠਾ ਨੇ ਦਾਣਾ ਮੰਡੀ ਮਜੀਠਾ ਵਿਖੇ ਹਲਕੇ ਦੇ ਮੁਹਤਬਰ ਕਾਂਗਰਸੀ ਵਰਕਰਾਂ ਦਾ ਵੱਡਾ ਇਕੱਠ ਕਰਕੇ ਚੋਣਾਂ ਸੰਬੰਧੀ ਵਿਚਾਰ-ਚਰਚਾ ਕੀਤੀ। ਪੱਤਰਕਾਰਾਂ ਵਲੋਂ ਪੁੱਛੇ ਜਾਣ 'ਤੇ ਜੱਗਾ ਮਜੀਠਾ ਨੇ ਕਿਹਾ ਕਿ ਉਨ੍ਹਾਂ ਦੇ ਵੱਡੇ ਭਰਾ ਸਾਬਕਾ ਚੇਅਰਮੈਨ ਪਨਗਰੇਨ ਪੰਜਾਬ ਸੁਖਜਿੰਦਰਰਾਜ ਸਿੰਘ ਲਾਲੀ ਮਜੀਠੀਆ ਵਲੋਂ ਆਪਣੀ ਮਾਂ ਪਾਰਟੀ ਕਾਂਗਰਸ ਨੂੰ ਛੱਡ ਕੇ ਆਮ ਆਦਮੀ ਪਾਰਟੀ ਵਿਚ ਸ਼ਾਮਿਲ ਹੋਣ ਨਾਲ ਹਲਕਾ ਮਜੀਠਾ ਵਿਚ ਕਾਂਗਰਸ ਪਾਰਟੀ ਨੂੰ ਕੋਈ ਨੁਕਸਾਨ ਨਹੀਂ ਹੋਵੇਗਾ ਕਿਉਂਕਿ ਹਲਕੇ ਵਿਚ ਕਾਂਗਰਸ ਪਾਰਟੀ ਦੀਆਂ ਬੱਝਵੀਆਂ ਵੋਟਾਂ ਹਨ ਜਿਹੜੀਆਂ ਕਾਂਗਰਸ ਪਾਰਟੀ ਨੂੰ ਹਰ ਹਾਲਤ ਵਿਚ ਭੁਗਤਦੀਆਂ ਹਨ। ਕਾਂਗਰਸ ਵਲੋਂ ਟਿਕਟ ਦਾ ਐਲਾਨ ਕਰਨ ਬਾਰੇ ਪੁੱਛੇ ਜਾਣ 'ਤੇ ਉਨ੍ਹਾਂ ਕਿਹਾ ਕਿ ਆਉਂਦੇ ਕੁਝ ਦਿਨਾਂ ਵਿਚ ਪਾਰਟੀ ਵਲੋਂ ਇਸ ਦਾ ਐਲਾਨ ਕਰ ਦਿੱਤਾ ਜਾਵੇਗਾ। ਉਨ੍ਹਾਂ ਦਾਅਵਾ ਕਰਦਿਆਂ ਕਿਹਾ ਕਿ 2022 ਵਿਚ ਪੰਜਾਬ ਵਿਚ ਕਾਂਗਰਸ ਪਾਰਟੀ ਭਾਰੀ ਬਹੁਮੱਤ ਨਾਲ ਸਰਕਾਰ ਬਣਾਵੇਗੀ। ਇਸ ਮੌਕੇ ਜੱਗਾ ਮਜੀਠਾ ਦੇ ਨਾਲ ਹਲਕੇ ਦੇ ਵੱਡੀ ਗਿਣਤੀ 'ਚ ਸੀਨੀਅਰ ਕਾਂਗਰਸੀ ਆਗੂ ਅਤੇ ਵਰਕਰ ਹਾਜ਼ਰ ਸਨ।

# ਰਾਜਵਿੰਦਰ ਕੌਰ ਰਾਜ ਦੀ ਕਾਵਿ ਪੁਸਤਕ 'ਤੈਨੂੰ ਫਿਰ ਦੱਸਾਂਗੇ' ਲੋਕ ਅਰਪਿਤ

## ਅਮਿੱਟ ਯਾਦਾਂ ਛੱਡ ਗਿਆ ਨਵੇਂ ਵਰ੍ਹੇ ਨੂੰ ਸਮਰਪਿਤ ਪਲੇਠਾ ਸਾਹਿਤਕ ਸਮਾਗਮ

ਬਾਬਾ ਬਕਾਲਾ ਸਾਹਿਬ, 3 ਜਨਵਰੀ (ਸ਼ੇਲਿੰਦਰਜੀਤ ਸਿੰਘ ਰਾਜਨ)-ਪੰਜਾਬੀ ਸਾਹਿਤ ਸਭਾ, ਬਾਬਾ ਬਕਾਲਾ ਸਾਹਿਬ ਵਲੋਂ ਕੇਂਦਰੀ ਪੰਜਾਬੀ ਲੇਖਕ ਸਭਾ ਦੇ ਸਹਿਯੋਗ ਨਾਲ ਨਵੇਂ ਸਾਲ-2022 ਦਾ ਪਲੇਠਾ ਸਾਹਿਤਕ ਸਮਾਗਮ ਅੰਮ੍ਰਿਤ ਏ. ਸੀ. ਹਾਲ, ਬਾਬਾ ਬਕਾਲਾ ਸਾਹਿਬ ਵਿਖੇ ਕਰਵਾਇਆ ਗਿਆ। ਸਭਾ ਦੇ ਮਹਿਲਾ ਵਿੰਗ ਵਲੋਂ ਕਰਵਾਏ ਗਏ ਨਿਵੇਕਲੇ ਅੰਦਾਜ਼ ਵਿਚ ਇਸ ਸਮਾਗਮ ਦੇ ਸਮੁੱਚੇ ਪ੍ਰਧਾਨਗੀ ਮੰਡਲ ਵਿਚ ਮਹਿਲਾਵਾਂ ਦਾ ਹੀ ਕਬਜ਼ਾ ਰਿਹਾ। ਇਸ ਮੌਕੇ ਪ੍ਰਧਾਨਗੀ ਮੰਡਲ ਵਿਚ ਡਾ: ਇਕਬਾਲ ਕੌਰ (ਸਾਬਕਾ ਚੇਅਰਪਸਰਨ ਭਗਤ ਨਾਮਦੇਵ ਚੇਅਰ, ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ), ਅਰਤਿੰਦਰ ਸੰਧੂ (ਸੰਪਾਦਕ ਏਕਮ), ਡਾ: ਇੰਦਰਾ ਵਿਰਕ (ਐਸੋਸੀਏਟ ਪ੍ਰੋਫੈਸਰ ਬਾਵਾ ਗਰਲਜ਼ ਕਾਲਜ, ਬਟਾਲਾ), ਪ੍ਰਿੰ: ਪ੍ਰੋਮਿਲਾ ਅਰੋੜਾ (ਸਰਪ੍ਰਸਤ ਸਿਰਜਣਾ ਕੇਂਦਰ, ਕਪੂਰਥਲਾ) ਖੁਸ਼ਮੀਤ ਕੌਰ ਬਮਰਾਹ (ਸੀ.ਡੀ.ਪੀ.ਓ. ਰਈਆ), ਕਵਿੱਤਰੀ ਰਾਜਵਿੰਦਰ ਕੌਰ ਰਾਜ, ਨਿਰਮਲ ਕੋਟਲਾ (ਪ੍ਰਧਾਨ ਵਿਸ਼ਵ ਪੰਜਾਬੀ ਨਾਰੀ ਸਾਹਿਤਕ ਮੰਚ), ਰਣਜੀਤ ਕੌਰ ਸਵੀ (ਮਾਲੇਰਕੋਟਲਾ), ਰਜਨੀ ਵਾਲੀਆ (ਕਪੂਰਥਲਾ), ਕਰਮਜੀਤ ਕੌਰ ਔਲਖ ਅੰਮ੍ਰਿਤਸਰ, ਮਾਤਾ ਰਣਜੀਤ ਕੌਰ ਜਲੰਧਰ ਆਦਿ ਸੁਸ਼ੋਭਿਤ ਹੋਏ। ਇਸ ਮੌਕੇ ਉੱਘੀ ਕਵਿੱਤਰੀ ਰਾਜਵਿੰਦਰ ਕੌਰ 'ਰਾਜ' ਦੇ ਦੂਸਰੇ ਕਾਵਿ ਸੰਗ੍ਰਹਿ 'ਤੈਨੂੰ ਫਿਰ ਦੱਸਾਂਗੇ' ਲੋਕ ਅਰਪਿਤ ਕੀਤਾ ਗਿਆ। ਕੇਂਦਰੀ ਪੰਜਾਬੀ ਲੇਖਕ ਸਭਾ ਦੇ ਸਕੱਤਰ ਦੀਪ ਦਵਿੰਦਰ ਸਿੰਘ, ਰਣਜੀਤ ਕੌਰ ਸਵੀ, ਡਾ: ਇਕਬਾਲ ਕੌਰ, ਪ੍ਰਿੰ: ਰਘਬੀਰ ਸਿੰਘ ਸੋਹਲ, ਸੰਤੋਖ ਸਿੰਘ ਗੁਰਾਇਆ, ਡਾ: ਪਰਮਜੀਤ ਸਿੰਘ ਬਾਠ, ਪ੍ਰਿੰ: ਗੁਰਮੁੱਖ ਸਿੰਘ ਅਰਜਨਮਾਂਗਾ ਅਤੇ ਮਾ: ਮਨਜੀਤ ਸਿੰਘ ਵੱਸੀ ਨੇ ਪੁਸਤਕ 'ਤੈਨੂੰ ਫਿਰ ਦੱਸਾਂਗੇ' ਉਪਰ ਵਿਚਾਰ ਚਰਚਾ ਕੀਤੀ ਅਤੇ 'ਰਾਜ' ਨੂੰ ਇਸ ਪ੍ਰਾਪਤੀ ਤੇ ਮੁਬਾਰਕਬਾਦ ਦਿੱਤੀ। ਮੰਚ ਸੰਚਾਲਨ ਦੇ ਫਰਜ਼ ਸਭਾ ਦੇ ਮੁੱਖ ਸੰਚਾਲਕ ਸ਼ੇਲਿੰਦਰਜੀਤ ਸਿੰਘ ਰਾਜਨ ਨੇ ਨਿਭਾਏ। ਇਸ ਮੌਕੇ ਗਾਇਕ ਮੱਖਣ ਭੈਣੀਵਾਲਾ, ਲਾਲੀ ਕਰਤਾਰਪੁਰੀ, ਜਗਦੀਸ਼ ਸਹੋਤਾ, ਅਰਜਿੰਦਰ ਬੁਤਾਲਵੀ, ਗੁਰਮੇਜ ਸਿੰਘ ਸਹੋਤਾ, ਅਜੀਤ ਸਠਿਆਲਵੀ, ਗੁਰਦਿਆਲ ਰੁਮਾਣੇ ਚੱਕੀਆ, ਬਲਦੇਵ ਸਿੰਘ ਸਠਿਆਲਾ, ਜਗਦੀਸ਼ ਸਿੰਘ ਬਮਰਾਹ, ਉਂਕਾਰ ਸਿੰਘ ਰੰਧਾਵਾ ਨੇ ਗਾਇਕੀ ਦੇ ਜੌਹਰ ਦਿਖਾਏ। ਉਰਪੰਤ ਨਵੇਂ ਵਰ੍ਹੇ ਨੂੰ ਸਮਰਪਿਤ ਹਾਜ਼ਰੀਨ ਵਲੋਂ ਕਵੀ ਦਰਬਾਰ ਵਿਚ ਦਵਿੰਦਰ ਸਿੰਘ ਭੋਲਾ, ਰਣਜੀਤ ਸਿੰਘ ਕੋਟ ਮਹਿਤਾਬ, ਬਲਬੀਰ ਸਿੰਘ ਬੋਲੇਵਾਲੀਆ, ਸਕੱਤਰ ਸਿੰਘ ਪੁਰੇਵਾਲ, ਰਾਜਦਵਿੰਦਰ ਸਿੰਘ ਬਿਆਸ, ਸੋਢੀ ਸੱਤੋਵਾਲੀਆ, ਬਲਵਿੰਦਰ ਕੌਰ ਸਰਘੀ, ਸੁਰਿੰਦਰ ਖਿਲਚੀਆਂ, ਗੁਰਮੀਤ ਕੌਰ ਬੱਲ, ਹਰਜੀਤ ਕੌਰ ਭੁੱਲਰ, ਜੀਤ ਕੌਰ ਢਿੱਲੋਂ, ਨਰਿੰਦਰ ਕੌਰ, ਗੁਰਤਿੰਦਰ ਕੌਰ ਢਿੱਲੋਂ, ਹਰਮੇਸ਼ ਕੌਰ ਜੋਧੇ, ਪਰਮਜੀਤ ਕੌਰ ਪਰਮ, ਜਸਪਾਲ ਸਿੰਘ ਧੂਲਕਾ, ਸਰਬਜੀਤ ਸਿੰਘ ਪੱਡਾ, ਪਰਮਜੀਤ ਸਿੰਘ ਭੱਟੀ, ਸਤਰਾਜ ਜਲਾਲਾਂਬਾਦੀ, ਡਾ: ਦਲਜੀਤ ਸਿੰਘ ਢਿੱਲੋਂ, ਰਾਜਖੁਸ਼ਵੰਤ ਸਿੰਘ, ਅਰੀਜੀਤ ਸਿੰਘ, ਅਕਾਸ਼ਦੀਪ ਸਿੰਘ, ਅਮਨਪ੍ਰੀਤ ਸਿੰਘ, ਮਨਪ੍ਰੀਤ ਕੌਰ ਮਨ ਅਤੇ ਹੋਰਨਾਂ ਨੇ ਕਾਵਿ ਰਚਨਾਵਾਂ ਪੇਸ਼ ਕੀਤੀਆਂ।



ਕਵਿੱਤਰੀ ਰਾਜਵਿੰਦਰ ਕੌਰ ਰਾਜ ਦੇ ਕਾਵਿ ਸੰਗ੍ਰਹਿ 'ਤੈਨੂੰ ਫਿਰ ਦੱਸਾਂਗੇ' ਨੂੰ ਲੋਕ ਅਰਪਿਤ ਕਰਦਿਆਂ ਡਾ: ਇਕਬਾਲ ਕੌਰ, ਅਰਤਿੰਦਰ ਸੰਧੂ, ਡਾ: ਇੰਦਰਾ ਵਿਰਕ ਅਤੇ ਹੋਰ । ਤਸਵੀਰ : ਰਾਜਨ



ਨਗਰ ਕੀਰਤਨ ਦਾ ਸਵਾਗਤ ਕਰਦੇ ਹੋਏ ਸਰਪੰਚ ਗੁਰਮੀਤ ਸਿੰਘ, ਪਰਮਜੀਤ ਰੰਧਾਵਾ, ਪ੍ਰਧਾਨ ਅਰਜਨ ਸਿੰਘ ਫੌਜੀ ਅਤੇ ਸਮੂਹ ਕਮੇਟੀ ਮੈਂਬਰ। ਤਸਵੀਰ : ਗਿੱਲ

# ਪ੍ਰਕਾਸ਼ ਪੁਰਬ ਨੂੰ ਸਮਰਪਿਤ ਨਗਰ ਕੀਰਤਨ ਦਾ ਅੱਡਾ ਜੈਂਤੀਪੁਰ ਵਿਖੇ ਸਵਾਗਤ

ਜੈਂਤੀਪੁਰ, 3 ਜਨਵਰੀ (ਭੁਪਿੰਦਰ ਸਿੰਘ ਗਿੱਲ)-ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਇੱਕ ਵਿਸ਼ਾਲ ਨਗਰ ਕੀਰਤਨ ਕਸਬੇ ਦੇ ਨਜ਼ਦੀਕੀ ਪੈਂਦੇ ਪਿੰਡ ਸਰੂਪਵਾਲੀ ਕਲਾਂ ਤੋਂ ਸਜਾਇਆ ਗਿਆ ਜਿਸ ਦੀ ਅਗਵਾਈ ਪੰਜ ਪਿਆਰਿਆਂ ਵਲੋਂ ਕੀਤੀ ਗਈ। ਇਹ ਨਗਰ ਕੀਰਤਨ ਵੱਖ-ਵੱਖ ਪਿੰਡਾਂ ਤੋਂ ਹੁੰਦਾ ਹੋਇਆ ਕਸਬਾ ਜੈਂਤੀਪੁਰ ਵਿਖੇ ਪੁੱਜਣ 'ਤੇ ਗੁਰਦੁਆਰਾ ਸਿੰਘ ਸਭਾ ਵਿਖੇ ਨਤਮਸਤਕ ਹੋਇਆ ਜਿੱਥੇ ਹਾਜ਼ਰ ਸੰਗਤਾਂ ਵਲੋਂ ਆਈਆਂ ਹੋਈਆਂ ਸੰਗਤਾਂ ਦਾ ਸਵਾਗਤ ਕਰਦਿਆਂ ਫੁੱਲਾਂ ਦੀ ਵਰਖਾ ਕੀਤੀ। ਇਸ ਮੌਕੇ ਸਰਪੰਚ ਗੁਰਮੀਤ ਸਿੰਘ ਬੱਲ, ਪਰਮਜੀਤ ਸਿੰਘ ਰੰਧਾਵਾ, ਗੁਰਦੁਆਰਾ ਕਮੇਟੀ ਦੇ ਪ੍ਰਧਾਨ ਅਰਜਨ ਸਿੰਘ ਫੌਜੀ, ਬਿਕਰਮ ਸਿੰਘ ਖਾਲਸਾ ਅਤੇ ਸਮੂਹ ਕਮੇਟੀ ਵਲੋਂ ਗੁਰੂ ਗ੍ਰੰਥ ਸਾਹਿਬ ਜੀ ਨੂੰ ਰੁਮਾਲਾ ਸਾਹਿਬ ਅਤੇ ਪੰਜ ਪਿਆਰਿਆਂ ਨੂੰ ਗੁਰੂ ਘਰ ਦੀ ਬਖ਼ਸ਼ਿਸ਼ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਇੰਦਰਜੀਤ ਸਿੰਘ ਬਿੱਟੂ ਫੌਜੀ, ਮਨਜੀਤ ਸਿੰਘ ਮੰਨੂ ਬੱਲ, ਭਾਈ ਪਲਵਿੰਦਰ ਸਿੰਘ, ਭਾਈ ਗੁਰਮੇਜ ਸਿੰਘ, ਬਲਜੀਤ ਸਿੰਘ ਬਿਜਲੀ ਵਾਲੇ, ਡੀ.ਪੀ. ਸਤਨਾਮ ਸਿੰਘ ਆਦਿ ਹਾਜ਼ਰ ਸਨ।

# ਅਸਲ੍ਹਾ ਧਾਰਕ ਆਪਣਾ ਲਾਇਸੈਂਸੀ ਅਸਲ੍ਹਾ ਪੁਲਿਸ ਥਾਣਾ ਰਮਦਾਸ 'ਚ ਜਮ੍ਹਾਂ ਕਰਾਉਣ

ਰਮਦਾਸ, 3 ਜਨਵਰੀ (ਜਸਵੰਤ ਸਿੰਘ ਵਾਹਲਾ)-ਪੰਜਾਬ ਵਿਧਾਨ ਸਭਾ 2022 ਦੀਆਂ ਚੋਣਾਂ ਦੇ ਮੱਦੇਨਜ਼ਰ ਐੱਸ.ਐੱਚ.ਓ. ਮੇਜਰ ਸਿੰਘ ਨੇ ਥਾਣਾ ਰਮਦਾਸ ਤੇ ਪੁਲਿਸ ਚੌਂਕੀ ਗੱਗੋਮਾਹਲ ਅਧੀਨ ਆਉਂਦੇ ਵੱਖ-ਵੱਖ ਪਿੰਡਾਂ ਤੇ ਕਸਬਿਆਂ ਦੇ ਅਸਲ੍ਹਾ ਧਾਰਕਾਂ ਨੂੰ ਆਪੋ-ਆਪਣਾ ਅਸਲ੍ਹਾ ਜਮ੍ਹਾਂ ਕਰਾਉਣ ਲਈ ਕਿਹਾ ਹੈ। ਉਨ੍ਹਾਂ ਕਿਹਾ ਕਿ ਅਸਲ੍ਹਾ ਧਾਰਕ ਆਪਣਾ ਲਾਇਸੈਂਸੀ ਅਸਲ੍ਹਾ ਪੁਲਿਸ ਥਾਣਾ ਰਮਦਾਸ ਜਾਂ ਨਜ਼ਦੀਕ ਗੰਨ ਹਾਊਸ ਜਮ੍ਹਾਂ ਕਰਵਾ ਦੇਣ ਜਿਨ੍ਹਾਂ ਵਿਆਕਤੀਆਂ ਨੇ ਆਪਣਾ ਲਾਇਸੈਂਸੀ ਅਸਲ੍ਹਾ ਜਮ੍ਹਾਂ ਨਾ ਕਰਵਾਇਆ ਉਨ੍ਹਾਂ ਖਿਲਾਫ ਕਾਨੂੰਨ ਅਨੁਸਾਰ ਕਾਰਵਾਈ ਕੀਤੀ ਜਾਵੇਗੀ ਅਤੇ ਜਿਸ ਵਿਅਕਤੀ ਨੇ ਆਪਣਾ ਲਾਇਸੰਸੀ ਅਸਲ੍ਹਾ ਗੰਨ ਹਾਊਸ 'ਚ ਜਮ੍ਹਾਂ ਕਰਵਾਇਆ ਹੈ ਤਾਂ ਉਹ ਥਾਣਾ ਰਮਦਾਸ ਦੇ ਮੁੱਖ ਮੁਨਸ਼ੀ ਨੂੰ ਉਸ ਦੀ ਰਸੀਦ ਜਮ੍ਹਾਂ ਕਰਵਾ ਦੇਵੇ।



ਐੱਸ.ਐੱਚ.ਓ. ਮੇਜਰ ਸਿੰਘ



ਕਿਸਾਨ ਆਗੂਆਂ ਨੂੰ ਸਨਮਾਨਿਤ ਕਰਨ ਬਾਅਦ ਨੌਜਵਾਨ ਕਿਸਾਨ ਆਗੂ ਬਲਕਾਰ ਸਿੰਘ ਰਾਜਾਤਾਲ, ਕਾਬਲ ਸਿੰਘ ਛੀਨਾ, ਜਗਬੀਰ ਸਿੰਘ ਛੀਨਾ । ਤਸਵੀਰ : ਗੁਰਦੀਪ ਸਿੰਘ

# ਕਿਰਤੀ ਕਿਸਾਨ ਯੂਨੀਅਨ ਨੇ ਕੱਢਿਆ ਮਾਰਚ

**ਕਿਸਾਨ ਮੋਰਚੇ ਦੇ ਸ਼ਹੀਦਾਂ ਨੂੰ ਕੀਤਾ ਸਿਜਦਾ**

ਅਟਾਰੀ, 3 ਜਨਵਰੀ (ਗੁਰਦੀਪ ਸਿੰਘ ਅਟਾਰੀ, ਸੁਖਵਿੰਦਰਜੀਤ ਸਿੰਘ ਘਰਿੰਡਾ)-ਕਿਰਤੀ ਕਿਸਾਨ ਯੂਨੀਅਨ ਪੰਜਾਬ ਏਰੀਆ ਅਟਾਰੀ ਵਲੋਂ ਦਿੱਲੀ ਕਿਸਾਨ ਮੋਰਚੇ ਵਿਚ ਹੋਏ ਸ਼ਹੀਦਾਂ ਨੂੰ ਸਿਜਦਾ ਕਰਨ ਅਤੇ ਕਿਸਾਨ ਅੰਦੋਲਨ ਵਿਚ ਹਿੱਸਾ ਪਾਉਣ ਵਾਲੇ ਇਲਾਕੇ ਦੇ ਸਾਰੇ ਵਰਕਰਾਂ ਦਾ ਧੰਨਵਾਦ ਕਰਨ ਲਈ ਟਰੈਕਟਰ-ਟਰਾਲੀਆਂ ਜੀਪਾਂ, ਕਾਰਾਂ, ਮੋਟਰ ਸਾਈਕਲਾਂ ਅਤੇ ਹੋਰ ਵਾਹਨਾਂ ਰਾਹੀਂ ਮਾਰਚ ਪਿੰਡ ਰਾਜਾਤਾਲ ਤੋਂ ਸ਼ੁਰੂ ਕੀਤਾ ਗਿਆ। ਇਸ ਵਿਚ ਇਲਾਕੇ ਦੇ ਕਿਸਾਨ ਆਗੂਆਂ ਅਤੇ ਵਰਕਰਾਂ ਨੇ ਵੱਡੀ ਗਿਣਤੀ ਵਿਚ ਹਿੱਸਾ ਲਿਆ। ਕਿਸਾਨਾਂ ਦੇ ਇਕੱਠ ਨੂੰ ਸੰਬੋਧਨ ਕਰਦੇ ਜਥੇਬੰਦੀ ਦੇ ਸੂਬਾ ਜਨਰਲ ਸਕੱਤਰ ਰਸ਼ਪਾਲ ਸਿੰਘ ਨੇ ਕਿਹਾ ਕਿ ਇਸ ਮੋਰਚੇ ਵਿਚ ਕਾਰਪੋਰੇਟ ਘਰਾਣਿਆਂ, ਉਨ੍ਹਾਂ ਦੇ ਆਗੂਆਂ ਤੇ ਹੋਰ ਲੋਕ ਵਿਰੋਧੀ ਤਾਕਤਾਂ ਦੀ ਹਾਰ ਅਤੇ ਦੇਸ਼ ਦੇ ਮਿਹਨਤਕਸ਼ ਲੋਕਾਂ ਦੀ ਜਿੱਤ ਹੋਈ ਹੈ। ਹੋਰ ਮਸਲੇ ਹੱਲ ਕਰਨ ਲਈ ਸਾਨੂੰ ਸਾਰੇ ਵਰਗਾਂ ਦੇ ਲੋਕਾਂ ਨੂੰ ਲਾਮਬੰਦ ਕਰਨ ਦੀ ਜ਼ਰੂਰਤ ਹੈ। ਕਿਸਾਨ ਆਗੂ ਕਾਬਲ ਸਿੰਘ ਛੀਨਾ, ਜ਼ਿਲ੍ਹਾ ਆਗੂ ਧਨਵੰਤ ਸਿੰਘ ਖ਼ਤਰਾਏ ਕਲਾਂ, ਜਗਬੀਰ ਸਿੰਘ ਛੀਨਾ ਅਤੇ ਵੱਖ-ਵੱਖ ਆਗੂਆਂ ਨੇ ਕਿਹਾ ਕਿ ਸਾਡੀ ਜਥੇਬੰਦੀ ਪੰਜਾਬ ਵਿਧਾਨ ਸਭਾ ਚੋਣਾਂ ਵਿਚ ਸੂਬਾ ਕਮੇਟੀ ਦੇ ਫ਼ੈਸਲੇ ਅਨੁਸਾਰ ਭਾਗ ਨਹੀਂ ਲਵੇਗੀ ਅਤੇ ਨਾ ਹੀ ਕਿਸੇ ਰਾਜਸੀ ਪਾਰਟੀ ਦੀ ਹਮਾਇਤ ਕਰੇਗੀ। ਨੌਜਵਾਨ ਕਿਸਾਨ ਆਗੂ ਬਲਕਾਰ ਸਿੰਘ ਰਾਜਾਤਾਲ ਦੀ ਅਗਵਾਈ ਹੇਠ ਇਕੱਠੇ ਹੋਏ ਕਿਸਾਨਾਂ ਨੇ ਕਿਸਾਨੀ ਅੰਦੋਲਨ ਵਿਚ ਅਹਿਮ ਯੋਗਦਾਨ ਪਾਉਣ ਵਾਲੇ ਕਿਸਾਨ ਵੀਰਾਂ ਨੂੰ ਸਿਰੋਪਾਓ ਪਾ ਕੇ ਸਨਮਾਨਿਤ ਕਰਦੇ ਹੋਏ, ਕਿਸਾਨ ਗੂੰਜਾਊ ਨਾਅਰਿਆਂ ਦੀ ਗੂੰਜ ਨਾਲ ਰਾਜਾਤਾਲ ਤੋਂ ਮਾਰਚ ਸ਼ੁਰੂ ਕੀਤਾ। ਇਹ ਮਾਰਚ ਅਟਾਰੀ, ਰਾਣੀਕੇ ਮੋੜ, ਘਰਿੰਡੀ, ਸਤਲਾਣੀ ਸਾਹਿਬ, ਭਕਨਾ, ਚੀਚਾ, ਜਠੌਲ ਅਤੇ ਗੱਲੂਵਾਲ ਤੋਂ ਹੁੰਦਾ ਹੋਇਆ ਰਾਜਾਤਾਲ ਵਿਖੇ ਸਮਾਪਤ ਹੋਇਆ। ਇਸ ਮੌਕੇ ਕਿਸਾਨ ਪਰਮਜੀਤ ਸਿੰਘ ਘਰਿੰਡੀ, ਪ੍ਰਭਜੀਤ ਸਿੰਘ, ਕਾਬਲ ਸਿੰਘ ਛੀਨਾ, ਪਲਵਿੰਦਰ ਸਿੰਘ, ਪ੍ਰਿੰਸੀਪਲ ਬਲਦੇਵ ਸਿੰਘ, ਹੁਸ਼ਿਆਰ ਸਿੰਘ, ਜਗਬੀਰ ਸਿੰਘ ਛੀਨਾ, ਪ੍ਰਸ਼ੋਤਮ ਸਿੰਘ, ਕੁਲਵੰਤ ਸਿੰਘ, ਗੁਰਪ੍ਰੀਤ ਸਿੰਘ, ਅਵਤਾਰ ਸਿੰਘ, ਗੁਰਵੰਤ ਸਿੰਘ ਗੱਲੂਵਾਲ, ਨੱਥਾ ਸਿੰਘ, ਜਸਬੀਰ ਸਿੰਘ, ਜਸਪਾਲ ਸਿੰਘ ਅਤੇ ਚਮਕੌਰ ਸਿੰਘ ਆਦਿ ਨੇ ਹਿੱਸਾ ਲਿਆ।

# ਕੱਚੇ ਸਫਾਈ ਮੁਲਾਜ਼ਮਾਂ ਨੇ ਰੋਸ ਪ੍ਰਗਟਾਇਆ

ਬਾਬਾ ਬਕਾਲਾ ਸਾਹਿਬ, 3 ਜਨਵਰੀ (ਸ਼ੇਲਿੰਦਰਜੀਤ ਸਿੰਘ ਰਾਜਨ)-ਇੱਥੇ ਸਿਵਲ ਹਸਪਤਾਲ ਵਿਖੇ ਸਫਾਈ ਕਰਮਚਾਰੀਆਂ ਨੇ ਖੁਦ ਨੂੰ ਪੱਕਾ ਕਰਨ ਲਈ ਪੰਜਾਬ ਸਾਰਕਾਰ ਪਾਸੋਂ ਮੰਗ ਕੀਤੀ ਹੈ ਕਿ ਉਹ ਲੰਬੇ ਸਮੇਂ ਤੋਂ ਕੱਚੇ ਤੌਰ ਤੇ ਮਹਿਕਮੇਂ ਵਿਚ ਸਫਾਈ ਕਰ ਰਹੇ ਹਨ ਅਤੇ ਹੁਣ ਵੱਧ ਰਹੀ ਮਹਿੰਗਾਈ ਕਾਰਨ ਬੁਰੀ ਤਰ੍ਹਾਂ ਹਤਾਸ਼ ਹੋ ਚੁੱਕੇ ਹਨ, ਜਿਸ ਕਾਰਨ ਉਨ੍ਹਾਂ ਦੀ ਸੁਣਵਾਈ ਕੀਤੀ ਜਾਵੇ ਉਤੇ ਉਨ੍ਹਾਂ ਨੂੰ ਪੱਕੇ ਮੁਲਾਜ਼ਮਾਂ ਵਜੋਂ ਨਿਯੁਕਤ ਕੀਤਾ ਜਾਵੇ ਤਾਂ ਜੋ ਆਪਣੇ ਪਰਿਵਾਰਾਂ ਦਾ ਪਾਲਣ ਪੋਸ਼ਣ ਚੰਗੇ ਤਰੀਕੇ ਨਾਲ ਕਰ ਸਕਣ। ਇਸ ਮੌਕੇ ਹਰਜਿੰਦਰ ਕੌਰ, ਬਲਜੀਤ ਕੌਰ, ਕੁਲਬੀਰ ਕੌਰ, ਮਨਜੀਤ ਕੌਰ, ਜਸਬੀਰ ਕੌਰ, ਜਰਮਨਜੀਤ ਸਿੰਘ, ਕੁਲਵਿੰਦਰ ਕੌਰ, ਸਵਿੰਦਰ ਕੌਰ, ਗੁਰਸ਼ਰਨ ਕੌਰ ਅਤੇ ਹੋਰ ਮੁਲਾਜ਼ਮ ਹਾਜ਼ਰ ਸਨ ।



ਸਿਵਲ ਹਸਪਤਾਲ ਬਾਬਾ ਬਕਾਲਾ ਸਾਹਿਬ ਵਿਖੇ ਹੱਕੀ ਮੰਗਾਂ ਨੂੰ ਲੈ ਕੇ ਰੋਸ ਪ੍ਰਗਟ ਕਰਦੇ ਹੋਏ ਸਫਾਈ ਕਰਮਚਾਰੀ। ਤਸਵੀਰ : ਸ਼ੇਲਿੰਦਰਜੀਤ ਸਿੰਘ ਰਾਜਨ

# ਪ੍ਰਕਾਸ਼ ਪੁਰਬ ਨੂੰ ਸਮਰਪਿਤ ਨਗਰ ਕੀਰਤਨ ਭਲਕੇ

ਸਠਿਆਲਾ, 3 ਜਨਵਰੀ (ਸਫਰੀ)-ਗੁ: ਨੌਂਵੀ ਪਾਤਸ਼ਾਹੀ ਧੇੜੇਆਣਾ ਸਾਹਿਬ ਸਠਿਆਲਾ ਵਿਖੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਨਗਰ ਕੀਰਤਨ 5 ਜਨਵਰੀ ਨੂੰ ਸਜਾਇਆ ਜਾ ਰਿਹਾ ਹੈ। ਇਸ ਬਾਰੇ ਸੇਵਾਦਾਰ ਜਸਵਿੰਦਰ ਸਿੰਘ ਡਾਂਗਾ, ਗੁਰਪ੍ਰੀਤ ਸਿੰਘ ਪੱਪੀ, ਪਰਮਜੀਤ ਸਿੰਘ ਤੇ ਜੋਗਿੰਦਰ ਸਿੰਘ ਮੱਲ੍ਹੀ ਨੇ ਦੱਸਿਆ ਹੈ ਕਿ ਦਸਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਪ੍ਰਭਾਤ ਫੇਰੀਆਂ 4 ਜਨਵਰੀ ਨੂੰ ਸਮਾਪਤ ਹਨ ਤੇ 5 ਜਨਵਰੀ ਨੂੰ ਅਖੰਡ ਪਾਠ ਦੇ ਭੋਗ ਪਾਉਣ ਉਪਰੰਤ ਵਿਸ਼ਾਲ ਨਗਰ ਕੀਰਤਨ ਸਜਾਇਆ ਜਾਵੇਗਾ। ਇਸ ਮੌਕੇ ਪਰਮਜੀਤ ਸਿੰਘ ਡਾਂਗਾ, ਗਿਆਨੀ ਬੂਟਾ ਸਿੰਘ, ਗਿਆਨੀ ਸੁਖਦੇਵ ਸਿੰਘ, ਰਣਜੀਤ ਸਿੰਘ, ਜੱਗਾ ਸਿੰਘ, ਮੇਜਰ ਸਿੰਘ, ਤਰਸੇਮ ਸਿੰਘ, ਬਲਦੇਵ ਸਿੰਘ, ਹਰਜਿੰਦਰ ਸਿੰਘ ਜਿੰਦਾ ਆਦਿ ਹਾਜ਼ਰ ਸਨ।

# ਸਮੂਹ ਪੈਰਾ ਮੈਡੀਕਲ ਯੂਨੀਅਨ ਵਲੋਂ ਸਿਵਲ ਹਸਪਤਾਲ ਵਿਖੇ ਪੁਤਲਾ ਫੂਕ ਪ੍ਰਦਰਸ਼ਨ

ਬਾਬਾ ਬਕਾਲਾ ਸਾਹਿਬ, 3 ਜਨਵਰੀ (ਸ਼ੇਲਿੰਦਰਜੀਤ ਸਿੰਘ ਰਾਜਨ)-ਇੱਥੇ ਸਿਵਲ ਹਸਪਤਾਲ ਵਿਖੇ ਸਿਹਤ ਵਿਭਾਗ ਦੀਆਂ ਸਮੂਹ ਪੈਰਾ ਮੈਡੀਕਲ ਜਥੇਬੰਦੀਆਂ ਵਲੋਂ ਲਗਾਤਾਰ ਚੱਲ ਰਹੀ ਕਲਮ ਛੋੜ ਹੜਤਾਲ ਦੇ 14ਵੇਂ ਦਿਨ ਸਰਕਾਰ ਖ਼ਿਲਾਫ਼ ਨਾਅਰੇਬਾਜੀ ਕੀਤੀ, ਪੰਜਾਬ ਸਰਕਾਰ ਦਾ ਪੁਤਲਾ ਫੂਕਿਆ ਗਿਆ ਅਤੇ ਪਿੱਟ-ਸਿਆਪਾ ਕੀਤਾ ਗਿਆ। ਮਲਟੀਪਰਪਜ਼ ਹੈਲਥ ਇੰਪਲਾਈਜ਼ ਯੂਨੀਅਨ, ਫਾਰਮੇਸੀ ਅਫਸਰ ਐਸੋਸੀਏਸ਼ਨ, ਨਰਸਿੰਗ ਯੂਨੀਅਨ, ਲੈਬ ਟੈਕਨੀਸ਼ੀਅਨ ਯੂਨੀਅਨ ਅਤੇ ਅਤੇ ਐਕਸਰੇ ਵਿਭਾਗ ਯੂਨੀਅਨ ਦੇ ਆਗੂਆਂ ਨੇ ਦੱਸਿਆ ਕਿ ਜਿੰਨਾਂ ਚਿਰ ਸਾਡੇ ਕੱਟੇ ਹੋਏ ਭੱਤੇ, ਜਿਵੇਂ ਕਿ ਪੇਂਡੂ ਭੱਤਾ, ਟੂਰ ਭੱਤਾ, ਵਰਦੀ ਭੱਤਾ, ਡਾਇਟ ਭੱਤਾ, ਸਪੈਸ਼ਲ ਵਰਦੀ, 6ਵੇਂ ਤਨਖ਼ਾਹ ਕਮਿਸ਼ਨ ਦੀ ਸੋਧ ਨਹੀਂ ਕੀਤੀ ਜਾਂਦੀ, ਉਨਾ ਚਿਰ ਇਹ ਹੜਤਾਲ ਜਾਰੀ ਰਹੇਗੀ । ਇਸ ਮੌਕੇ ਸ਼ਰਨਜੀਤ ਸਿੰਘ, ਬਲਜਿੰਦਰ ਸਿੰਘ ਚਾਹਲ, ਨਵਦੀਪ ਸਿੰਘ ਚੀਮਾਂ, ਨਰਸਿੰਗ ਸਿਸਟਰ ਮੈਡਮ ਭੋਲੀ, ਨਿੰਦਰਜੀਤ ਕੌਰ, ਗੁਰਦੀਪ ਕੌਰ, ਲਵਜੀਤ ਸਿੰਘ ਸਿੱਧੂ, ਮਨਜੀਤ ਸਿੰਘ, ਭਗਵਿੰਦਰ ਸਿੰਘ, ਰਾਮ ਸਿੰਘ, ਰੁਪਿੰਦਰ ਕੌਰ, ਯਾਦਵਿੰਦਰ ਸਿੰਘ, ਅੰਮ੍ਰਿਤ ਸਿੰਘ, ਸਤਨਾਮ ਸਿੰਘ, ਰਛਪਾਲ ਸਿੰਘ, ਸਰਬਜੀਤ ਸਿੰਘ, ਅੰਤਰਪ੍ਰੀਤ ਸਿੰਘ, ਹਰਜਿੰਦਰ ਕੌਰ, ਨਿਰਮਲਜੀਤ ਕੌਰ ਵੀ ਹਾਜ਼ਰ ਸਨ ।



ਸਿਵਲ ਹਸਪਤਾਲ ਬਾਬਾ ਬਕਾਲਾ ਸਾਹਿਬ ਵਿਖੇ ਚੰਨੀ ਸਰਕਾਰ ਦਾ ਪੁਤਲਾ ਫੂਕਦੇ ਹੋਏ ਸਮੂਹ ਪੈਰਾ ਮੈਡੀਕਲ ਯੂਨੀਅਨ ਦੇ ਮੁਲਾਜ਼ਮ । ਤਸਵੀਰ : ਰਾਜਨ



ਪਿੰਡ ਦੇ ਨੌਜਵਾਨਾਂ ਨੂੰ ਗ੍ਰਾਮ ਪੰਚਾਇਤ ਸਮੇਤ ਨੁਮਾਇੰਦਿਆਂ ਦੀ ਹਾਜ਼ਰੀ 'ਚ ਕ੍ਰਿਕਟ ਕਿੱਟ ਭੇਟ ਕਰਦੇ ਕੰਵਰਪ੍ਰਤਾਪ ਸਿੰਘ ਅਜਨਾਲਾ ਤੇ ਹੋਰ। ਤਸਵੀਰ : ਸੰਧੂ

# ਪੰਜਾਬ 'ਚ ਖੇਡਾਂ ਨੂੰ ਪਿਛਾੜ ਕੇ ਪਿਛਲੀਆਂ ਸਰਕਾਰਾਂ ਨੇ ਖੇਡ ਤੇ ਖੇਡ ਪ੍ਰੇਮੀਆਂ ਦਾ ਨਿਰਾਦਰ ਕੀਤਾ : ਅਜਨਾਲਾ

ਗੱਗੋਮਾਹਲ, 3 ਦਸੰਬਰ (ਬਲਵਿੰਦਰ ਸਿੰਘ ਸੰਧੂ)-ਪੰਜਾਬ 'ਚ ਖੇਡਾਂ ਨੂੰ ਪਿਛਾੜ ਕੇ ਪਿੱਛਲੀਆਂ ਸਰਕਾਰਾਂ ਨੇ ਖੇਡ ਤੇ ਖੇਡ ਪ੍ਰੇਮੀਆਂ ਦਾ ਨਿਰਾਦਰ ਕੀਤਾ ਹੈ ਪ੍ਰੰਤੂ ਹੁਣ ਪੰਜਾਬ ਦੀ ਕਾਂਗਰਸ ਸਰਕਾਰ ਨੇ ਖੇਡਾਂ ਦੇ ਮੈਦਾਨ 'ਚ ਲੈ ਕੇ ਆਉਣ ਲਈ ਨੌਜਵਾਨਾਂ ਨੂੰ ਉਤਸ਼ਾਹਿਤ ਕਰਨ ਹਿੱਤ ਖੇਡ ਕਿੱਟਾਂ ਤੇ ਸਟੇਡੀਅਮ ਬਣਾ ਕੇ ਵੱਡਾ ਕਦਮ ਉਠਾਇਆ ਹੈ ਤਾਂ ਜੋ ਨੌਜਵਾਨ ਨਸ਼ਿਆਂ ਦੀ ਦਲ ਦਲ 'ਚੋਂ ਉਭਰ ਕੇ ਖੇਡਾਂ ਦੇ ਮੈਦਾਨਾਂ ਵਿਚ ਆ ਸਕਣ ਤੇ ਪੰਜਾਬ ਨੂੰ ਨਸ਼ਿਆਂ ਤੋਂ ਮੁਕਤ ਕੀਤਾ ਜਾ ਸਕੇ। ਉਕਤ ਵਿਚਾਰ ਸਹਿਕਾਰੀ ਬੈਂਕ ਦੇ ਬੋਰਡ ਆਫ ਡਾਇਰੈਕਟਰ ਤੇ ਕਾਂਗਰਸ ਦੇ ਮੀਤ ਪ੍ਰਧਾਨ ਕੰਵਰਪ੍ਰਤਾਪ ਸਿੰਘ ਅਜਨਾਲਾ ਨੇ ਪਿੰਡ ਸੂਫੀਆਂ 'ਚ ਖਿਡਾਰੀਆਂ ਨੂੰ ਕ੍ਰਿਕਟ ਕਿੱਟ ਦੇਣ ਮੌਕੇ ਪ੍ਰਗਟ ਕੀਤੇ। ਉਨ੍ਹਾਂ ਕਿਹਾ ਕਿ ਹਲਕਾ ਵਿਧਾਇਕ ਹਰਪ੍ਰਤਾਪ ਸਿੰਘ ਅਜਨਾਲਾ ਦਾ ਸੁਪਨਾ ਹੈ ਕਿ ਸਾਡੇ ਹਲਕੇ 'ਚ ਵੱਧ ਤੋਂ ਵੱਧ ਖਿਡਾਰੀ ਨਾਮਣਾ ਖੱਟਣ ਤੇ ਪੰਜਾਬ, ਦੇਸ਼ ਪੱਧਰ 'ਤੇ ਆਪਣਾ ਤੇ ਆਪਣੇ ਮਾਪਿਆਂ ਦਾ ਨਾਂਅ ਰੌਸ਼ਨ ਕਰਨ। ਇਸ ਮੌਕੇ ਸਰਪੰਚ ਸੁਖਦੀਪ ਸਿੰਘ ਸੁੱਖ, ਪੰਚ ਰਾਜਪਾਲ, ਪੰਚ ਬਲਦੇਵ ਸਿੰਘ, ਪੰਚ ਜਗੀਰ ਸਿੰਘ, ਪੰਚ ਜਸਬੀਰ ਸਿੰਘ, ਕੁਲਵੰਤ ਸਿੰਘ ਸੂਫੀਆ, ਲਾਲ ਮਸੀਹ, ਬਲਵਿੰਦਰ ਸਿੰਘ, ਕੁਲਵਿੰਦਰ ਸਿੰਘ, ਸਤਪਾਲ ਸਿੰਘ, ਬਲਰੂਪ ਸਿੰਘ, ਪ੍ਰਿੰਸ ਮਸੀਹ, ਵਿੱਕੀ ਮਸੀਹ, ਨਰਿੰਦਰ ਸਿੰਘ, ਰਾਣਾ ਭੁੱਲਰ, ਪਾਲਾ ਸਿੰਘ, ਸੋਨੂੰ ਮਸੀਹ, ਪ੍ਰਗਟ ਸਿੰਘ, ਬਲਬੀਰ ਸਿੰਘ ਬੱਲ ਤੋਂ ਇਲਾਵਾ ਵੱਡੀ ਗਿਣਤੀ ਵਿਚ ਆਗੂ ਹਾਜ਼ਰ ਸਨ।

# ਨੰਬਰਦਾਰ ਯੂਨੀਅਨ ਵਲੋਂ ਨਵਨਿਯੁਕਤ ਪ੍ਰਧਾਨ ਅਜੀਤ ਸਿੰਘ ਨੂੰ ਪ੍ਰਧਾਨ ਮੰਨਣ ਤੋਂ ਇਨਕਾਰ

**ਕਿਹਾ, ਨੰਬਰਦਾਰ ਤਰਲੋਚਨ ਸਿੰਘ ਭੁੱਲਰ ਹੀ ਸਾਡੇ ਪ੍ਰਧਾਨ**

ਬਾਬਾ ਬਕਾਲਾ ਸਾਹਿਬ, 3 ਜਨਵਰੀ (ਸ਼ੇਲਿੰਦਰਜੀਤ ਸਿੰਘ ਰਾਜਨ)-ਹਾਲ ਈ ਵਿਚ ਨੰਬਰਦਾਰ ਯੂਨੀਅਨ ਤਹਿਸੀਲ ਬਾਬਾ ਬਕਾਲਾ ਸਾਹਿਬ ਵਲੋਂ ਅਜੀਤ ਸਿੰਘ ਨੰਗਲੀ ਨੂੰ ਨਵਾਂ ਪ੍ਰਧਾਨ ਚੁਣ ਲਿਆ ਗਿਆ ਸੀ, ਦਾ ਅੱਜ ਖੰਡਨ ਕਰਦਿਆਂ ਨੰਬਰਦਾਰ ਯੂਨੀਅਨ ਦੇ ਮੀਤ ਪ੍ਰਧਾਨ ਲਖਵਿੰਦਰ ਸਿੰਘ ਲੱਖੂਵਾਲ, ਨੰਬਰਦਾਰ ਮਨਜੀਤ ਸਿੰਘ ਮਹਿਤਾਬ ਕੋਟ, ਨੰਬਰਦਾਰ ਸਤਿੰਦਰ ਸਿੰਘ ਕਾਲੇਕੇ, ਨੰਬਰਦਾਰ ਅਮਰੀਕ ਸਿੰਘ ਬੁਤਾਲਾ, ਪਾਲ ਸਿੰਘ ਅਤੇ ਨੰਬਰਦਾਰ ਦਿਆਲ ਸਿੰਘ ਬੁਤਾਲਾ ਨੇ ਸ: ਅਜੀਤ ਸਿੰਘ ਨੰਗਲੀ ਦੀ ਬਤੌਰ ਪ੍ਰਧਾਨ ਨਿਯੁਕਤੀ ਨੂੰ ਰੱਦ ਕਰਦਿਆਂ ਕਿਹਾ ਹੈ ਕਿ ਅਸੀਂ ਪਹਿਲਾਂ ਵਾਲੇ ਪ੍ਰਧਾਨ ਨੰਬਰਦਾਰ ਤਰਲੋਚਨ ਸਿੰਘ ਭੁੱਲਰ ਨੂੰ ਹੀ ਆਪਣਾ ਪ੍ਰਧਾਨ ਮੰਨਦੇ ਹਾਂ ਅਤੇ ਨਵੀਆਂ ਨਿਯੁਕਤੀਆਂ ਨੂੰ ਰੱਦ ਕਰਦਿਆਂ ਪ੍ਰਧਾਨ ਤਰਲੋਚਨ ਸਿੰਘ ਦਾ ਪੂਰਨ ਸਮਰਥਨ ਕਰਦੇ ਹਾਂ।



ਪਿੰਡ ਅੜਾਇਆ 'ਚ ਪਹੁੰਚਣ 'ਤੇ ਬੋਨੀ ਅਜਨਾਲਾ ਨੂੰ ਸਨਮਾਨਿਤ ਕਰਦੇ ਸਾਬਕਾ ਸਰਪੰਚ ਇਕਬਾਲ ਸਿੰਘ ਛੀਨਾ ਤੇ ਪਿੰਡ ਨਿਵਾਸੀ। ਤਸਵੀਰ : ਸੰਧੂ

# ਆਉਣ ਵਾਲੀ ਸਰਕਾਰ ਸ਼੍ਰੋਮਣੀ ਅਕਾਲੀ ਦਲ-ਬਸਪਾ ਦੀ ਹੋਵੇਗੀ-ਬੋਨੀ ਅਜਨਾਲਾ

ਗੱਗੋਮਾਹਲ, 3 ਦਸੰਬਰ (ਬਲਵਿੰਦਰ ਸਿੰਘ ਸੰਧੂ)-ਸ਼੍ਰੋਮਣੀ ਅਕਾਲੀ ਦਲ ਬਾਦਲ ਤੇ ਬਸਪਾ ਦੇ ਸਾਂਝੇ ਉਮੀਦਵਾਰ ਬੋਨੀ ਅਮਰਪਾਲ ਸਿੰਘ ਅਜਨਾਲਾ ਨੇ ਵਿਧਾਨ ਸਭਾ ਹਲਕਾ ਅਜਨਾਲਾ ਦੇ ਪਿੰਡ ਅੜਾਇਆ ਵਿਚ ਸਾਬਕਾ ਸਰਪੰਚ ਇਕਬਾਲ ਸਿੰਘ ਛੀਨਾ ਦੇ ਗ੍ਰਹਿ ਵਿਖੇ ਇਕ ਪ੍ਰਭਾਵਸ਼ਾਲੀ ਮੀਟਿੰਗ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਕੈਪਟਨ ਅਮਰਿੰਦਰ ਸਿੰਘ ਨੇ ਮੁੱਖ ਮੰਤਰੀ ਦਾ ਤਾਜ ਪ੍ਰਾਪਤ ਕਰਨ ਲਈ ਗੁਰਬਾਣੀ ਦੀ ਝੂਠੀ ਕਸਮ ਖਾ ਕੇ ਗੁਰਬਾਣੀ ਦਾ ਨਿਰਾਦਰ ਕੀਤਾ ਹੈ ਜਦੋਂ ਕਿ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਝੂਠੇ ਵਾਅਦੇ ਕਰਕੇ ਪੰਜਾਬੀਆਂ ਨੂੰ ਗੁੰਮਰਾਹ ਕਰ ਰਹੇ ਹਨ ਪਰ ਪੰਜਾਬੀ ਇੰਨੇ ਭੋਲੇ ਨਹੀਂ ਕਿ ਇਨ੍ਹਾਂ ਦੇ ਝੂਠੇ ਵਾਅਦਿਆਂ ਵਿਚ ਆ ਕੇ ਦੁਬਾਰਾ ਕਾਂਗਰਸ ਨੂੰ ਵੋਟਾਂ ਪਾ ਦੇਣਗੇ। ਪੰਜਾਬੀਆਂ ਨੇ ਤਹੱਈਆ ਕੀਤਾ ਹੈ ਕਿ ਆਉਣ ਵਾਲੀ ਸਰਕਾਰ ਸ਼੍ਰੋਮਣੀ ਅਕਾਲੀ ਦਲ ਬਸਪਾ ਦੀ ਹੋਵੇਗੀ। ਇਸ ਮੌਕੇ ਉਨ੍ਹਾਂ ਨਾਲ ਸਾਬਕਾ ਸਰਪੰਚ ਰਾਜਕਰਨ ਸਿੰਘ ਰੰਧਾਵਾ, ਸਾਬਕਾ ਸਰਪੰਚ ਰਾਜਬੀਰ ਸਿੰਘ ਲਾਹੌਰੀਆ, ਗੁਰਸੇਵ ਸਿੰਘ ਲਾਹੌਰੀਆ, ਸਰਕਲ ਪ੍ਰਧਾਨ ਮਲਕੀਤ ਸਿੰਘ ਪੰਡੋਰੀ, ਜਤਿੰਦਰਪਾਲ ਸਿੰਘ ਲਵਲੀ, ਪਿਆਰਾ ਸਿੰਘ, ਸੰਤੋਖ ਸਿੰਘ, ਰੋਲਦੂ ਰਾਮ ਗੁਰਮੇਜ ਸਿੰਘ, ਸੁਖਦੇਵ ਸਿੰਘ, ਗੁਰਮੀਤ ਸਿੰਘ, ਸਾਬਕਾ ਸਰਪੰਚ ਗੁਰਪ੍ਰੀਤ ਸਿੰਘ, ਸੁਖਚੈਨ ਸਿੰਘ, ਹਰਦੀਪ ਸਿੰਘ ਫੌਜੀ, ਜਗਤਾਰ ਸਿੰਘ, ਨੱਥਾ ਸ਼ਾਹ ਆਦਿ ਹਾਜ਼ਰ ਸਨ।

# ਦੁਕਾਨਦਾਰਾਂ ਵਲੋਂ ਲਗਾਏ ਧਰਨੇ ਦੇ ਬਾਵਜੂਦ ਵੀ ਸੜਕ ਨਾ ਬਣਨ 'ਤੇ ਦੁਕਾਨਦਾਰ ਪ੍ਰੇਸ਼ਾਨ

ਓਠੀਆਂ, 3 ਜਨਵਰੀ (ਗੁਰਵਿੰਦਰ ਸਿੰਘ ਛੀਨਾ)-ਕਸਬਾ ਓਠੀਆਂ ਤੋਂ ਸੜਕ ਨਾ ਬਣਨ ਕਾਰਨ ਦੁਕਾਨਦਾਰਾਂ ਵਲੋਂ ਬੀਤੀ 15 ਦਸੰਬਰ ਨੂੰ ਉੱਚ ਅਧਿਕਾਰੀਆਂ ਦੀ ਅੱਖਾਂ ਖੋਲ੍ਹਣ ਲਈ ਅਜਨਾਲਾ-ਚੋਗਾਵਾਂ ਰੋਡ ਬੰਦ ਕਰਕੇ ਲਗਾਏ ਗਏ ਧਰਨੇ ਨੂੰ ਉੱਚ ਅਧਿਕਾਰੀਆਂ ਨੇ ਇਸ ਸੜਕ ਨੂੰ ਹਫਤੇ ਦੇ ਅੰਦਰ ਅੰਦਰ ਬਣਾਉਣ ਦਾ ਵਾਅਦਾ ਕਰਕੇ ਦੁਕਾਨਦਾਰਾਂ ਵਲੋਂ ਲਗਾਏ ਧਰਨੇ ਨੂੰ ਸਮਾਪਤ ਕਰਵਾਇਆ। ਦੁਕਾਨਦਾਰ ਯੂਨੀਅਨ ਦੇ ਪ੍ਰਧਾਨ ਹਰਜਿੰਦਰ ਸਿੰਘ ਛੀਨਾ ਦੇ ਦੱਸਿਆ ਕਿ ਜਿੰਨਾ ਚਿਰ ਸੜਕ ਨਹੀਂ ਬਣਦੀ ਓਨਾ ਚਿਰ ਰੋਜ਼ ਸਵੇਰੇ ਟੈਂਕਰ ਰਾਹੀਂ ਸੜਕ 'ਤੇ ਪਾਣੀ ਦਾ ਛਿੜਕਾ ਕੀਤਾ ਜਾਇਆ ਕਰੇਗਾ। ਹੁਣ 20 ਦਿਨ ਬੀਤ ਜਾਣ ਦੇ ਬਾਵਜੂਦ ਕਿਸੇ ਨੇ ਵੀ ਇਸ ਸੜਕ 'ਤੇ ਨਾ ਟੈਂਕਰ ਰਾਹੀਂ ਪਾਣੀ ਦਾ ਛਿੜਕਾਅ ਕੀਤਾ ਅਤੇ ਨਾ ਹੀ ਸੜਕ ਬਣਾਉਣ ਦਾ ਕੰਮ ਸ਼ੁਰੂ ਕਰਵਾਇਆ। ਉਨ੍ਹਾਂ ਕਿਹਾ ਕਿ ਜੇ ਆਉਣ ਵਾਲੇ ਦਿਨਾਂ ਵਿਚ ਸੜਕ ਨੂੰ ਨਾ ਬਣਾਇਆ ਗਿਆ ਤਾਂ ਦੁਕਾਨਦਾਰਾਂ ਵਲੋਂ ਸੰਘਰਸ਼ ਨੂੰ ਤੇਜ਼ ਕੀਤਾ ਜਾਵੇਗਾ ਅਤੇ ਰਾਤ ਦਿਨ ਧਰਨਾ ਲਗਾਇਆ ਜਾਵੇਗਾ ਜਿਸ ਦੀ ਜ਼ਿੰਮੇਵਾਰੀ ਸਰਕਾਰ ਦੀ ਹੋਵੇਗੀ।





ਸਬ ਤਹਿਸੀਲ ਤਰਸਿੱਕਾ 'ਚ ਅਹੁਦਾ ਸੰਭਾਲਣ ਮੌਕੇ ਨਾਇਬ ਤਹਿਸੀਲਦਾਰ ਅਕਵਿੰਦਰ ਕੌਰ। ਤਸਵੀਰ : ਮੱਤੇਵਾਲ

# ਮੈਡਮ ਅਕਵਿੰਦਰ ਕੌਰ ਨੇ ਨਾਇਬ ਤਹਿਸੀਲਦਾਰ ਤਰਸਿੱਕਾ ਦਾ ਚਾਰਜ ਸੰਭਾਲਿਆ

ਤਰਸਿੱਕਾ, 3 ਜਨਵਰੀ (ਗੁਰਪ੍ਰੀਤ ਸਿੰਘ ਮੱਤੇਵਾਲ)-ਮਾਲ ਵਿਭਾਗ ਵਿਚ ਨਾਇਬ ਤਹਿਸੀਲਦਾਰਾਂ ਦੇ ਹੋਏ ਤਬਾਦਲੇ ਤੋਂ ਬਾਅਦ ਅਕਵਿੰਦਰ ਕੌਰ ਵਲੋਂ ਸਬ ਤਹਿਸੀਲ ਤਰਸਿੱਕਾ ਵਿਚ ਬਤੌਰ ਨਾਇਬ ਤਹਿਸੀਲਦਾਰ ਚਾਰਜ ਸੰਭਾਲਿਆ। ਅਹੁਦਾ ਸਭਾਲਣ ਮੌਕੇ ਦਫਤਰ ਦੇ ਕਰਮਚਾਰੀਆਂ ਅਤੇ ਸਮੂਹ ਪਟਵਾਰੀਆਂ ਨੇ ਉਨ੍ਹਾਂ ਨੂੰ ਜੀ ਆਇਆਂ ਨੂੰ ਕਿਹਾ। ਇਸ ਮੌਕੇ ਮੈਡਮ ਅਕਵਿੰਦਰ ਕੌਰ ਨੇ ਕਿਹਾ ਕਿ ਤਹਿਸੀਲ ਦਫਤਰ 'ਚ ਆਉਣ ਵਾਲੇ ਲੋਕਾਂ ਦਾ ਸਮਾਂ ਖਰਾਬ ਕੀਤੇ ਬਿਨਾਂ ਉਨ੍ਹਾਂ ਦੇ ਕੰਮਾਂ ਨੂੰ ਪਹਿਲ ਦੇ ਅਧਾਰ 'ਤੇ ਕੀਤਾ ਜਾਵੇਗਾ। ਇਸ ਮੌਕੇ ਕਲਰਕ ਮੁਖਵਿੰਦਰ ਸਿੰਘ, ਆਰ. ਸੀ. ਹਰਦੇਵ ਸਿੰਘ, ਮੈਡਮ ਰੁਪਿੰਦਰ ਕੌਰ ਮਜੀਠਾ, ਕਾਨੂੰਨਗੋ ਰਣਜੀਤ ਸਿੰਘ, ਕਾਨੂੰਨਗੋ ਪਲਵਿੰਦਰ ਸਿੰਘ, ਪਟਵਾਰੀ ਸੁਖਦੇਵ ਰਾਜ, ਬਿਕਰਮਜੀਤ ਸਿੰਘ, ਸਕੱਤਰ ਸਿੰਘ, ਸੁਰਿੰਦਰ ਕੁਮਾਰ ਵਸੀਕਾ ਨਵੀਸ ਆਦਿ ਮੌਜੂਦ ਸਨ।

# ਅਸਲ੍ਹਾ ਜਮ੍ਹਾਂ ਨਾ ਕਰਵਾਉਣ ਵਾਲੇ ਅਸਲ੍ਹਾਧਾਰਕਾਂ ਖ਼ਿਲਾਫ਼ ਹੋਵੇਗੀ ਕਾਨੂੰਨੀ ਕਾਰਵਾਈ- ਇੰਸ. ਬਲਵਿੰਦਰ ਸਿੰਘ

ਹਰਸਾ ਛੀਨਾ, 3 ਜਨਵਰੀ (ਕੜਿਆਲ)-ਸੂਬੇ ਅੰਦਰ ਹੋਣ ਜਾ ਰਹੀਆਂ ਆਗਾਮੀ ਵਿਧਾਨ ਸਭਾ ਚੋਣਾਂ ਦੇ ਮੱਦੇਨਜ਼ਰ ਸਮੂਹ ਅਸਲ੍ਹਾਧਾਰਕਾਂ ਨੂੰ ਆਪਣਾ ਅਸਲ੍ਹਾ ਤੁਰੰਤ ਥਾਣੇ ਜਾਂ ਅਸਲ੍ਹਾ ਡੀਲਰਾਂ ਕੋਲ ਜਮ੍ਹਾਂ ਕਰਵਾਉਣ ਦੀ ਅਪੀਲ ਕਰਦਿਆਂ ਪੁਲਿਸ ਥਾਣਾ ਰਾਜਾਸਾਂਸੀ ਦੇ ਮੁਖੀ ਇੰਸਪੈਕਟਰ ਬਲਵਿੰਦਰ ਸਿੰਘ ਅਤੇ ਪੁਲਿਸ ਚੌਂਕੀ ਕੁੱਕੜਾਂਵਾਲਾ ਦੇ ਇੰਚਾਰਜ ਏ. ਐੱਸ. ਆਈ. ਆਗਿਆਪਾਲ ਸਿੰਘ ਸਾਂਝੇ ਤੌਰ 'ਤੇ ਕਿਹਾ ਕਿ ਸੂਬੇ ਅੰਦਰ ਸ਼ਾਂਤਮਈ ਤਰੀਕੇ ਨਾਲ ਵਿਧਾਨ ਸਭਾ ਚੋਣਾਂ ਕਰਵਾਉਣਾ ਪੁਲਿਸ ਦੀ ਪ੍ਰਾਥਮਿਕਤਾ ਹੈ। ਦੋਵਾਂ ਪੁਲਿਸ ਅਧਿਕਾਰੀਆਂ ਨੇ ਕਿਹਾ ਕਿ ਥਾਣੇ ਅਧੀਨ ਪੈਂਦੇ ਸਮੂਹ ਅਸਲ੍ਹਾ ਧਾਰਕਾਂ ਦਾ ਅਸਲ੍ਹਾ ਥਾਣੇ ਵਿਚ ਜਮ੍ਹਾਂ ਕੀਤਾ ਜਾ ਰਿਹਾ ਹੈ ਅਤੇ ਅਸਲ੍ਹਾ ਜਮ੍ਹਾ ਨਾ ਕਰਵਾਉਣ ਵਾਲੇ ਅਸਲਾ ਧਾਰਕਾਂ ਖ਼ਿਲਾਫ਼ ਕਾਨੂੰਨੀ ਕਾਰਵਾਈ ਨੂੰ ਅਮਲ ਵਿਚ ਲਿਆਂਦੀ ਜਾਵੇਗੀ।



ਇੰਸਪੈਕਟਰ ਬਲਵਿੰਦਰ ਸਿੰਘ ਥਾਣਾ ਮੁਖੀ ਰਾਜਾਸਾਂਸੀ ਅਤੇ ਏ. ਐੱਸ. ਆਈ. ਆਗਿਆਪਾਲ ਸਿੰਘ ਚੌਕੀ ਇੰਚਾਰਜ ਕੁੱਕੜਾਂਵਾਲਾ

# ਡੱਲਾ ਰਾਜਪੂਤਾਂ ਵਿਖੇ 100 ਤੋਂ ਵਧੇਰੇ ਕਾਰਕੁੰਨ ਪਰਿਵਾਰਾਂ ਸਮੇਤ ਭਾਜਪਾ 'ਚ ਸ਼ਾਮਿਲ

ਅਜਨਾਲਾ, 3 ਜਨਵਰੀ (ਐੱਸ. ਪ੍ਰਸ਼ੋਤਮ)-ਅੱਜ ਹਲਕਾ ਅਜਨਾਲਾ 'ਚ ਪੰਜਾਬ ਭਾਜਪਾ ਸੂਬਾ ਕਾਰਜਕਾਰਨੀ ਮੈਂਬਰ ਤੇ ਪੰਜਾਬ ਇਨਫੋਟੈਕ ਲਿਮ: ਚੰਡੀਗੜ੍ਹ ਦੇ ਸਾਬਕਾ ਚੇਅਰਮੈਨ ਬਾਊ ਰਾਮ ਸ਼ਰਨ ਪ੍ਰਾਸ਼ਰ ਵਲੋਂ ਅਗਾਮੀ ਚੋਣਾਂ 'ਚ ਭਾਜਪਾ ਦੀ ਜਿੱਤ ਯਕੀਨੀ ਬਣਾਉਣ ਲਈ ਬੂਥ ਪੱਧਰ 'ਤੇ ਭਾਜਪਾ ਦੀ ਮਜਬੂਤੀ ਤੇ ਵੋਟਰਾਂ ਦੀ ਲਾਮਬੰਦੀ ਲਈ ਸੀਤ ਲਹਿਰ 'ਚ ਭਖਾਈ ਭਖਾਈ ਮੁਹਿੰਮ ਨੇ ਸਰਹੱਦੀ ਪਿੰਡ ਡੱਲਾ ਰਾਜਪੂਤਾਂ ਵਿਖੇ ਕਰਵਾਈ ਪ੍ਰਭਾਵਸ਼ਾਲੀ ਜਨਤਕ ਮੀਟਿੰਗ ਨੇ ਭਾਜਪਾ ਵਿਰੋਧੀ ਰਾਜਸੀ ਪਾਰਟੀਆਂ ਨੂੰ ਉਦੋਂ ਕੰਬਣੀ ਛੇੜ ਦਿੱਤੀ, ਜਦੋਂ ਸੱਤਾਧਾਰੀ ਕਾਂਗਰਸ ਤੇ ਅਕਾਲੀ ਦਲ (ਬ) ਤੇ ਆਮ ਆਦਮੀ ਪਾਰਟੀ ਦੇ 100 ਤੋਂ ਵਧੇਰੇ ਸਰਗਰਮ ਕਾਰਕੁੰਨਾਂ ਨੇ ਆਪਣੇ ਪਰਿਵਾਰਾਂ ਤੇ ਸਮਰਥਕਾਂ ਸਮੇਤ ਭਾਜਪਾ 'ਚ ਸ਼ਾਮਿਲ ਹੋਣ ਦਾ ਐਲਾਨ ਕੀਤਾ। ਸ਼ਾਮਿਲ ਹੋਣ ਵਾਲਿਆਂ ਨੂੰ ਸਨਮਾਨਿਤ ਕਰਦਿਆਂ ਤੇ ਜਨਤਕ ਮੀਟਿੰਗ ਨੂੰ ਸੰਬੋਧਨ ਕਰਦਿਆਂ ਸੂਬਾ ਆਗੂ ਬਾਊ ਪ੍ਰਾਸ਼ਰ ਨੇ ਕਿਹਾ ਕਿ ਪੰਜਾਬ ਦੀ ਸੱਤਾ 'ਤੇ ਕਾਬਜ਼ ਰਹੀਆਂ ਕਾਂਗਰਸ ਤੇ ਅਕਾਲੀ ਦਲ (ਬ) ਦੀਆਂ ਪੰਜਾਬ ਨੂੰ ਖੁਸ਼ਹਾਲ ਰੱਖਣ ਦੀ ਬਜਾਏ ਸਰਕਾਰੀ ਤੇ ਗੈਰ-ਸਰਕਾਰੀ ਖਜ਼ਾਨੇ ਨੂੰ ਦੋਹੇਂ ਲੁੱਟ ਕੇ ਆਪਣੀਆਂ ਹੀ ਤਿਜ਼ੋਰੀਆਂ ਭਰਨ 'ਚ ਲੱਗੇ ਰਹੇ ਇਨ੍ਹਾਂ ਪਾਰਟੀਆਂ ਦੇ ਆਗੂਆਂ ਤੋਂ ਪੰਜਾਬ ਦੇ ਵੋਟਰ ਪੂਰੀ ਤਰ੍ਹਾਂ ਇਸ ਸਮੇਂ ਨਿਰਾਸ਼ ਤੇ ਨਰਾਜ ਹਨ ਅਤੇ ਵੋਟਰ ਹੁਣ ਪੰਜਾਬ 'ਚ ਸੱਤਾ ਤਬਦੀਲੀ ਵਜੋਂ ਭਾਜਪਾ ਨੂੰ ਚੋਣਾਂ 'ਚ ਜਿਤਾਉਣ ਲਈ ਤੱਤਪਰ ਹਨ, ਜਿਸ ਦਾ ਪ੍ਰਤੱਖ ਪ੍ਰਮਾਣ ਹੈ ਕਿ ਕਾਂਗਰਸ, ਅਕਾਲੀ ਦਲ, ਤੇ 'ਆਪ' ਦੇ ਸਿਖਰਲੇ ਆਗੂ ਭਾਜਪਾ 'ਚ ਲਗਾਤਾਰ ਪਿਛਲੇ ਦਿਨਾਂ 'ਚ ਸ਼ਾਮਿਲ ਹੋਏ ਜਦਕਿ ਸੱਤਾਧਾਰੀ ਕਾਂਗਰਸ ਦੇ ਕੁਝ ਵਿਧਾਇਕ ਤੇ ਵਜ਼ੀਰ ਭਾਜਪਾ 'ਚ ਸ਼ਾਮਿਲ ਹੋਣ ਲਈ ਹਾਈਕਮਾਨ ਦੇ ਸੰਪਰਕ 'ਚ ਹਨ। ਮੀਟਿੰਗ ਨੂੰ ਭਾਜਪਾ ਕਿਸਾਨ ਮੋਰਚਾ ਸੂਬਾ ਉੱਪ ਪ੍ਰਧਾਨ ਬਲਜਿੰਦਰ ਸਿੰਘ ਨਿਪਾਲ, ਰਮੇਸ਼ ਕੁਮਾਰ ਜੈ ਦੁਰਗੇ ਤੇ ਮੋਰ ਸਿੰਘ ਖਾਨਵਾਲ ਆਦਿ ਆਗੂਆਂ ਨੇ ਸੰਬੋਧਨ ਕੀਤਾ। ਸ਼ਾਮਿਲ ਹੋਣ ਵਾਲਿਆਂ 'ਚ ਜਥੇ. ਸ਼ਾਮ ਸਿੰਘ, ਅਮਰੀਕ ਸਿੰਘ, ਰਤਨ ਸਿੰਘ, ਮੰਗਾ ਸਿੰਘ, ਸੁਖਵੰਤ ਸਿੰਘ, ਜਸਪਾਲ ਸਿੰਘ, ਬੇਅੰਤ ਸਿੰਘ, ਸੂਰਤਾ ਸਿੰਘ, ਚੰਨਣ ਸਿੰਘ, ਮਹਿੰਗਾ ਸਿੰਘ, ਦਲਬੀਰ ਸਿੰਘ, ਪ੍ਰੇਮ ਸਿੰਘ, ਸੋਨੂੰ ਸਿੰਘ, ਅਰਜਨ ਸਿੰਘ, ਕਰਨੈਲ ਸਿੰਘ, ਮੰਗਲ ਸਿੰਘ, ਪੱਪੂ ਸਿੰਘ, ਜਗੀਰਾ ਸਿੰਘ, ਬਿੱਟੂ ਸਿੰਘ, ਵਿਸਾਖਾ ਸਿੰਘ, ਉਮਰਜੀਤ ਸਿੰਘ, ਗੁਰਮੁੱਖ ਸਿੰਘ, ਹਰਦਿਆਲ ਸਿੰਘ, ਸਰਬਜੋਤ ਸਿੰਘ, ਸਰਬਜੀਤ ਸਿੰਘ, ਰਤਨ ਸਿੰਘ, ਸੁੱਖਾ ਸਿੰਘ, ਆਦਿ 100 ਤੋਂ ਵਧੇਰੇ ਕਾਰਕੁੰਨ ਸ਼ਾਮਿਲ ਹਨ।